ਬਾਬਾ ਸ੍ਰੀ ਚੰਦ ਸੀਨੀ. ਸੈਕੰ. ਸਕੂਲ ਗਾਹਲੜੀ ਦੀਆਂ ਵਿਦਿਆਰਥਣਾਂ ਨੇ ਨੈਤਿਕ ਸਿੱਖਿਆ 'ਚੋਂ ਜਿੱਤੇ ਮੈਡਲ

ਗੁਰਦਾਸਪੁਰ, 28 ਅਕਤੂਬਰ (ਚੱਕਰਾਜਾ)-ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵਲੋਂ ਦੇਸ਼ ਪੱਧਰੀ ਕਰਵਾਈ ਗਈ ਨੈਤਿਕ ਸਿੱਖਿਆ ਵਿਚੋਂ ਬਾਬਾ ਸ੍ਰੀ ਚੰਦ ਸੀਨੀਅਰ ਸੈਕੰਡਰੀ ਸਕੂਲ ਗਾਹਲੜੀ ਦੀਆਂ ਵਿਦਿਆਰਥਣਾਂ ਨੇ ਮੈਡਲ ਜਿੱਤ ਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ। ਸਕੂਲ ਦੀ ਵਿਦਿਆਰਥਣ ਏਂਜਲ, ਏਕਮ, ਗੁਰਲੀਨਪ੍ਰੀਤ ਕੌਰ ਨੇ ਪਹਿਲੇ ਦਰਜੇ 'ਚੋਂ ਪਹਿਲਾ ਸਥਾ, ਨਵਦੀਪ ਸਿੰਘ ਨੇ ਦੂਜਾ ਤੇ ਉਪਾਵਨ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ। ਦੂਜੇ ਦਰਜੇ 'ਚੋਂ ਅਨੁਮਤੀ ਨੇ ਪਹਿਲਾ, ਗੁਰਪ੍ਰੀਤ ਕੌਰ ਨੇ ਦੂਜਾ ਤੇ ਅਰਸ਼ਦੀਪ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਤੀਜੇ ਦਰਜੇ 'ਚੋਂ ਖੁਸ਼ਪ੍ਰੀਤ ਕੌਰ ਨੇ ਪਹਿਲਾ, ਨਵਪ੍ਰੀਤ ਕੌਰ ਤੇ ਅੰਸ਼ਪ੍ਰੀਤ ਕੌਰ ਨੇ ਦੂਜਾ ਤੇ ਮਨਮੀਤ ਕੌਰ, ਜਸਮੀਤ ਕੌਰ, ਹਰਮਨਪ੍ਰੀਤ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ। ਜਦੋਂ ਕਿ 20 ਹੋਰ ਵਿਦਿਆਰਥਣਾਂ ਨੇ ਮੈਡਲ ਪ੍ਰਾਪਤ ਕਰਕੇ ਸੰਸਥਾ ਦਾ ਨਾਂਅ ਰੌਸ਼ਨ ਕੀਤਾ। ਇਸ ਮੌਕੇ ਸੇਵਾ ਮੁਕਤ ਲੈਕਚਰਾਰ ਭਾਈ ਅਮਰੀਕ ਸਿੰਘ ਨੇ ਵਿਦਿਆਰਥਣਾਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ। ਉਨ੍ਹਾਂ ਨੇ ਵਿਦਿਆਰਥਣਾਂ ਨੂੰ ਨੈਤਿਕ ਸਿੱਖਿਆ ਬਾਰੇ ਜਾਣੂ ਕਰਵਾਉਂਦਿਆਂ ਜ਼ਿੰਦਗੀ 'ਚ ਸਬਰ ਤੇ ਸੰਤੋਖ ਦਾ ਗਹਿਣਾ ਧਾਰਨ ਕਰਨ ਦੀ ਸਿੱਖਿਆ ਦਿੱਤੀ। ਇਸ ਮੌਕੇ ਸਕੂਲ ਪ੍ਰਿੰਸੀਪਲ ਸਿਮਰਜੀਤ ਕੌਰ ਨੇ ਭਾਈ ਅਮਰੀਕ ਸਿੰਘ ਦਾ ਧੰਨਵਾਦ ਕਰਦਿਆਂ ਉਨ੍ਹਾਂ ਨੂੰ ਸਿਰੋਪਾਓ ਭੇਟ ਕੀਤੇ ਤੇ ਵਿਦਿਆਰਥਣਾਂ ਨੂੰ ਹੋਰ ਲਗਨ ਤੇ ਮਿਹਨਤ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਕੂਲ ਸਟਾਫ਼ ਹਾਜ਼ਰ ਸੀ।

ਵਿਦਿਆਰਥਣਾਂ ਨੂੰ ਸਨਮਾਨਿਤ ਕਰਦੇ ਹੋਏ ਭਾਈ ਅਮਰੀਕ ਸਿੰਘ, ਪ੍ਰਿੰਸੀਪਲ ਸਿਮਰਜੀਤ ਕੌਰ ਤੇ ਹੋਰ। ਤਸਵੀਰ: ਚੱਕਰਾਜਾ

ਸ਼ੁੱਧ ਦੇਸੀ ਗੁੜ ਬਣਾਉਣ ਦਾ ਕੰਮ ਸ਼ੁਰੂ ਕਰਵਾਉਣ ਮੌਕੇ ਰਿਆੜਕੀ ਫੂਡ ਦੇ ਪ੍ਰਬੰਧਕ। ਤਸਵੀਰ : ਰਣਜੋਧ ਸਿੰਘ ਭਾਮ

ਰਿਆੜਕੀ ਐਗਰੋ ਫੂਡ ਵਲੋਂ ਸ਼ੁੱਧ ਦੇਸੀ ਗੁੜ ਬਣਾਉਣ ਦੇ ਕੰਮ ਦੀ ਸ਼ੁਰੂਆਤ

ਹਰਚੋਵਾਲ, 28 ਅਕਤੂਬਰ (ਭਾਮ, ਢਿੱਲੋਂ)-ਇਲਾਕੇ ਦੇ ਕਿਸਾਨਾਂ ਵਲੋਂ ਲੋਕਾਂ ਨੂੰ ਮਿਲਾਵਟੀ ਚੀਜ਼ਾਂ ਤੋਂ ਬਚਾਉਣ ਦੇ ਮਕਸਦ ਨਾਲ ਸ੍ਰੀ ਹਰਗੋਬਿੰਦਪੁਰ ਸਾਹਿਬ ਤੋਂ ਹਰਚੋਵਾਲ ਰੋਡ 'ਤੇ ਪਿੰਡ ਮੇਤਲੇ ਖੋਲੀ ਗਈ ਕਿਸਾਨਾਂ ਦੀ ਸਾਂਝੀ ਸੰਸਥਾ ਰਿਆੜਕੀ ਫੂਡ ਵਲੋਂ ਸ਼ੁੱਧ ਦੇਸੀ ਗੁੜ ਬਣਾਉਣ ਦੇ ਕੰਮ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਸਭ ਤੋਂ ਪਹਿਲਾਂ ਗੁਰਦੁਆਰਾ ਸਾਧੂਆਣਾ ਸਾਹਿਬ ਵਿਖੇ ਸ੍ਰੀ ਸੁਖਮਨੀ ਸਾਹਿਬ ਦੇ ਜਾਪ ਕਰਵਾਏ ਗਏ। ਇਸ ਮੌਕੇ ਰਿਆੜਕੀ ਫੂਡ ਦੇ ਪ੍ਰਬੰਧਕਾਂ ਨੇ ਦੱਸਿਆ ਕਿ ਉਨ੍ਹਾਂ ਵਲੋਂ ਬਿਨ੍ਹਾਂ ਕਿਸੇ ਮਿਲਾਵਟ ਤੋਂ ਸ਼ੁੱਧ ਦੇਸੀ ਗੁੜ, ਬਰਫ਼ੀ ਗੁੜ, ਮਸਾਲਾ ਗੁੜ, ਹਲਦੀ ਵਾਲਾ ਗੁੜ, ਸ਼ੱਕਰ ਆਦਿ ਤਿਆਰ ਕੀਤਾ ਜਾਂਦਾ ਹੈ। ਇਸ ਮੌਕੇ ਗੁਰਿੰਦਰਪਾਲ ਸਿੰਘ ਸਾਬੀ, ਸੇਵਾ ਮੁਕਤ ਇੰਸ ਰਣਜੋਧ ਸਿੰਘ ਪੱਡਾ, ਸੇਵਾ ਮੁਕਤ ਇੰਸ ਜੋਗਿੰਦਰ ਸਿੰਘ, ਬਲਜੀਤ ਸਿੰਘ ਬਾਜ, ਮਾਸਟਰ ਪ੍ਰਮਿੰਦਰ ਸਿੰਘ, ਜਸਪਾਲ ਸਿੰਘ, ਬਿਕਰਮਜੀਤ ਸਿੰਘ ਪਹਿਲਵਾਨ, ਗੁਰਮੱਖ ਸਿੰਘ, ਬਲਵਿੰਦਰ ਸਿੰਘ, ਮਨੋਹਰ ਸਿੰਘ ਰਜਾਦਾ ਆਦਿ ਹਾਜ਼ਰ ਸਨ।

ਡਿਵਾਈਨ ਵਿਲ ਪਬਲਿਕ ਸਕੂਲ ਬਟਾਲਾ ਦੇ ਵਿਦਿਆਰਥੀ 'ਗੁਰੂ ਨਾਨਕ ਮਲਟੀਵਰਸਿਟੀ ਲੁਧਿਆਣਾ' ਵਲੋਂ ਸਨਮਾਨਿਤ

ਬਟਾਲਾ, 28 ਅਕਤੂਬਰ (ਸਤਿੰਦਰ ਸਿੰਘ)-ਡਿਵਾਈਨ ਵਿਲ ਪਬਲਿਕ ਸਕੂਲ ਬਟਾਲਾ ਦੇ ਵਿਦਿਆਰਥੀਆਂ ਨੂੰ ਗੁਰਮਤਿ ਸਿੱਖਿਆ ਇਮਤਿਹਾਨ 'ਚ ਵਧੀਆ ਨਤੀਜੇ ਹਾਸਲ ਕਰਨ ਲਈ ਗੁਰੂ ਨਾਨਕ ਮਲਟੀਵਰਸਿਟੀ ਲੁਧਿਆਣਾ ਵਲੋਂ ਸਨਮਾਨਿਤ ਕੀਤਾ ਗਿਆ। ਇਸ ਪ੍ਰੀਖਿਆ ਦੇ 3 ਰਾਉਂਡ ਹਨ। ਪਹਿਲੇ ਰਾਉਂਡ ਦੀ ਧਾਰਮਿਕ ਪ੍ਰੀਖਿਆ 29 ਅਗਸਤ 2025 ਨੂੰ ਲਈ ਗਈ ਸੀ, ਜਿਸ ਵਿਚ ਤੀਜੀ ਤੋਂ 5ਵੀਂ ਜਮਾਤ ਦੇ ਵਿਦਿਆਰਥੀਆਂ ਤੇ ਕੁਝ ਅਧਿਆਪਕਾਂ ਨੇ ਹਿੱਸਾ ਲਿਆ ਸੀ। ਅੱਜ ਇਸ ਸੰਸਥਾ ਵਲੋਂ ਇਸ ਪ੍ਰੀਖਿਆ ਦੇ ਨਤੀਜੇ ਐਲਾਨੇ ਗਏ, ਜਿਸ 'ਚ ਤੀਜੀ ਜਮਾਤ ਦੀ ਹਰਗੁਣਪ੍ਰੀਤ ਕੌਰ ਤੇ ਸੁਪ੍ਰੀਤ ਕੌਰ ਨੇ ਪਹਿਲਾ ਰਾਉਂਡ ਪਾਸ ਕੀਤਾ। ਇਸੇ ਤਰ੍ਹਾਂ 5ਵੀਂ ਜਮਾਤ ਦੀ ਪ੍ਰਨੀਤ ਕੌਰ, ਮਨਸੀਰਤ ਕੌਰ, ਗੁਰਵੀਰ ਕੌਰ, ਵਰੁਣਦੀਪ ਸਿੰਘ ਤੇ ਮਨਸੀਰਤ ਕੌਰ ਨੇ ਪਹਿਲਾ ਰਾਉਂਡ ਪਾਸ ਕੀਤਾ, ਕ੍ਰਮਵਾਰ 7ਵੀਂ ਜਮਾਤ ਦੀ ਨਾਜ਼ਦੀਪ, 8ਵੀਂ ਜਮਾਤ ਦੀ ਮਨਮੀਤ ਕੌਰ, 9ਵੀਂ ਜਮਾਤ ਦੀ ਜਸਮੀਤ ਕੌਰ ਅਤੇ ਸਕੂਲ ਅਧਿਆਪਕਾ ਪ੍ਰਭਜੋਤ ਕੌਰ, ਵਰਿੰਦਰ ਕੌਰ ਤੇ ਕਵਲਦੀਪ ਕੌਰ ਨੇ ਵਧੀਆ ਕਾਰਗੁਜ਼ਾਰੀ ਕਰਦਿਆਂ ਪਹਿਲਾ ਰਾਉਂਡ ਪ੍ਰਾਪਤ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ। ਇਸ ਇਮਤਿਹਾਨ ਵਿਚ ਪਾਸ ਹੋਣ ਵਾਲੇ ਸਾਰੇ ਵਿਦਿਆਰਥੀਆਂ ਨੂੰ ਪ੍ਰਸ਼ੰਸਾ ਪੱਤਰ ਦੇ ਕੇ ਤੇ ਅੱਵਲ ਰਹਿਣ ਵਾਲੇ ਬੱਚਿਆਂ ਨੂੰ ਸੰਸਥਾ ਵਲੋਂ ਵਿਸ਼ੇਸ਼ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਵਿਦਿਆਰਥੀਆਂ ਦੀ ਯੋਗ ਅਗਵਾਈ ਲਈ ਮੈਡਮ ਮਨਪ੍ਰੀਤ ਕੌਰ ਨੇ ਅਹਿਮ ਭੂਮਿਕਾ ਨਿਭਾਈ। ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਕੁਲਬੀਰ ਕੌਰ ਨੇ ਵਿਦਿਆਰਥੀਆਂ ਦੀ ਕਾਰਗੁਜ਼ਾਰੀ ਲਈ ਸ਼ਲਾਘਾ ਕੀਤੀ। ਉਨ੍ਹਾਂ ਵਿਦਿਆਰਥੀਆਂ ਨੂੰ ਵੱਧ-ਚੜ੍ਹ ਕੇ ਇਸ ਇਮਤਿਹਾਨ ਵਿਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ ਤਾਂ ਕਿ ਵਿਦਿਆਰਥੀਆਂ ਵਿਚ ਨੈਤਿਕ ਗੁਣ ਪੈਦਾ ਹੋਣ ਤੇ ਉਹ ਆਪਣੇ ਅਮੀਰ ਵਿਰਸੇ ਨਾਲ ਜੁੜਨ। ਇਸ ਮੌਕੇ ਗੁਰੂ ਨਾਨਕ ਮਲਵਰਸਿਟੀ ਵਲੋਂ ਸਕੂਲ ਪ੍ਰਿੰਸੀਪਲ ਸ੍ਰੀਮਤੀ ਕੁਲਬੀਰ ਕੌਰ ਨੂੰ ਵੀ ਵਿਸ਼ੇਸ਼ ਮੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਮੂਹ ਸਟਾਫ਼ ਮੈਂਬਰ ਹਾਜ਼ਰ ਸਨ।

ਗੁਰੂ ਨਾਨਕ ਮਲਟੀਵਰਸਿਟੀ ਲੁਧਿਆਣਾ ਵਲੋਂ ਸਨਮਾਨਿਤ ਡਿਵਾਈਨ ਵਿਲ ਪਬਲਿਕ ਸਕੂਲ ਦੇ ਵਿਦਿਆਰਥੀ ਤੇ ਅਧਿਆਪਕ। ਅਜੀਤ ਤਸਵੀਰ

ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਵਿਖੇ 5 ਨਵੰਬਰ ਨੂੰ ਮਨਾਇਆ ਜਾਵੇਗਾ ਪ੍ਰਕਾਸ਼ ਪੁਰਬ ਨਗਰ ਕੀਰਤਨ 3 ਨੂੰ

ਗੁਰਦਾਸਪੁਰ, 28 ਅਕਤੂਬਰ (ਅਸ਼ੋਕ ਸ਼ਰਮਾ)-ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਜੇਲ੍ਹ ਰੋਡ ਗੁਰਦਾਸਪੁਰ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ 5 ਨਵੰਬਰ ਨੂੰ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। ਜਿਸ ਨੂੰ ਲੈ ਕੇ ਸੰਗਤਾਂ ਵਿਚ ਭਾਰੀ ਉਤਸ਼ਾਹ ਨਜ਼ਰ ਆ ਰਿਹਾ ਹੈ। ਜਦੋਂ ਕਿ 3 ਨਵੰਬਰ ਨੂੰ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਸੰਗਤਾਂ ਦੇ ਸਹਿਯੋਗ ਨਾਲ ਸ਼ਹਿਰ ਅੰਦਰ ਨਗਰ ਕੀਰਤਨ ਸਜਾਇਆ ਜਾਵੇਗਾ। ਇਸ ਸਬੰਧੀ ਕਮੇਟੀ ਦੇ ਆਗੂਆਂ ਨੇ ਦੱਸਿਆ ਕਿ ਗੁਰਦੁਆਰਾ ਸਾਹਿਬ ਤੋਂ ਸਵੇਰੇ 11 ਵਜੇ ਨਗਰ ਕੀਰਤਨ ਸ਼ੁਰੂ ਹੋਵੇਗਾ ਜੋ ਸ਼ਹਿਰ ਦੀ ਪ੍ਰਕਰਮਾ ਕਰਦਾ ਹੋਇਆ ਵਾਪਸ ਗੁਰਦੁਆਰਾ ਸਾਹਿਬ ਵਿਖੇ ਸ਼ਾਮ ਸਮੇਂ ਸਮਾਪਤ ਹੋਵੇਗਾ। ਜਦੋਂ ਕਿ 5 ਨਵੰਬਰ ਨੂੰ ਸਵੇਰੇ 7 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ। ਉਪਰੰਤ ਆਸਾ ਦੀ ਵਾਰ ਦਾ ਕੀਰਤਨ ਭਾਈ ਤਰਲੋਚਨ ਸਿੰਘ ਕਰਨਗੇ ਤੇ ਦਿਨ ਦੇ ਦੀਵਾਨਾਂ 'ਚ ਭਾਈ ਤਰਲੋਚਨ ਸਿੰਘ, ਭਾਈ ਅਵਤਾਰ ਸਿੰਘ ਰੰਗੜ ਨੰਗਲ, ਭਾਈ ਗੁਰਮੀਤ ਸਿੰਘ ਅਤੇ ਭਾਈ ਸੁਖਦੇਵ ਸਿੰਘ ਡੱਲਾ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਨਗੇ। ਸ਼ਾਮ ਨੂੰ ਸ੍ਰੀ ਰਹਿਰਾਸ ਸਾਹਿਬ ਦੇ ਪਾਠ ਤੋਂ ਬਾਅਦ ਭਾਈ ਤਰਲੋਚਨ ਸਿੰਘ ਤੇ ਭਾਈ ਗੁਰਮੀਤ ਸਿੰਘ ਕੀਰਤਨ ਕਰਨਗੇ। ਇਸ ਮੌਕੇ ਗੁਰੂ ਦੇ ਲੰਗਰ ਅਤੁੱਟ ਵਰਤਣਗੇ।

ਮਾਝਾ ਕਾਲਜ ਆਫ਼ ਫਾਰਮੈਸੀ ਬਟਾਲਾ 'ਚ ਵੱਖ-ਵੱਖ ਕੋਰਸਾਂ ਦੇ ਦਾਖ਼ਲੇ 30 ਅਕਤੂਬਰ ਤੱਕ-ਚੇਅਰਮੈਨ ਅਵਤਾਰ ਸਿੰਘ

ਬਟਾਲਾ, 28 ਅਕਤੂਬਰ (ਸਤਿੰਦਰ ਸਿੰਘ)-ਮਾਝਾ ਕਾਲਜ ਆਫ਼ ਫਾਰਮੈਸੀ ਬਟਾਲਾ ਦੇ ਚੇਅਰਮੈਨ ਅਵਤਾਰ ਸਿੰਘ ਨੇ ਦੱਸਿਆ ਕਿ ਇੰਦਰ ਕੁਮਾਰ ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ ਜਲੰਧਰ ਵਲੋਂ ਬੱਚਿਆਂ ਦੇ ਵੱਖ-ਵੱਖ ਕੋਰਸਾਂ 'ਚ ਦਾਖ਼ਲੇ ਲਈ ਆਖਰੀ ਮਿਤੀ 'ਚ ਵਾਧਾ ਕਰਦਿਆਂ 30 ਅਕਤੂਬਰ ਦਾਖ਼ਲਾ ਕੀਤਾ ਜਾਣਾ ਹੈ। ਉਨ੍ਹਾਂ ਦੱਸਿਆ ਕਿ ਮਾਝਾ ਕਾਲਜ ਆਫ਼ ਫਾਰਮੈਸੀ ਵਿਚ ਬੀ.ਫਾਰਮੈਸੀ, ਬੀ.ਐਸ.ਸੀ. ਮੈਡੀਕਲ, ਲੈਬ ਸਾਇੰਸ ਤੇ ਓਪਰੇਸ਼ਨ ਥੀਏਟਰ ਟੈਕਨੋਲਜੀ ਕੋਰਸਾਂ ਦੀਆਂ ਸੀਮਿਤ ਸੀਟਾਂ ਵਿਚ ਚਾਹਵਾਨ ਵਿਦਿਆਰਥੀ 30 ਅਕਤੂਬਰ ਤੱਕ ਦਾਖ਼ਲਾ ਲੈ ਸਕਦੇ ਹਨ। ਉਨ੍ਹਾਂ ਦੱਸਿਆ ਕਿ ਇਹ ਸਾਰੇ ਕੋਰਸ ਨੌਕਰੀ ਲਈ ਮਾਨਤਾ ਪ੍ਰਾਪਤ ਹਨ ਅਤੇ ਇਹ ਲਈ ਵਿਦਿਆਰਥੀਆਂ ਦਾ ਭਵਿੱਖ ਸੰਵਾਰਨ ਲਈ ਬਹੁਤ ਲਾਹੇਵੰਦ ਹਨ।

ਭੋਗ 'ਤੇ ਵਿਸ਼ੇਸ਼- ਮਾਤਾ ਕਸ਼ਮੀਰ ਕੌਰ

ਗੁਰਦਾਸਪੁਰ-ਮਾਤਾ ਕਸ਼ਮੀਰ ਕੌਰ ਦਾ ਜਨਮ 1949 ਨੂੰ ਪਿਤਾ ਵਧਾਵਾ ਸਿੰਘ ਦੇ ਘਰ ਤੇ ਮਾਤਾ ਪ੍ਰੀਤਮ ਕੌਰ ਦੀ ਕੁੱਖੋਂ ਪਿੰਡ ਘਰਾਲਾ ਜ਼ਿਲ੍ਹਾ ਗੁਰਦਾਸਪੁਰ ਵਿਖੇ ਹੋਇਆ। ਆਪ ਇਕ ਅਗਾਂਹਵਧੂ ਪਰਿਵਾਰ ਦੇ ਮੈਂਬਰ ਸਨ। ਆਪ ਦੇ ਪੰਜ ਭਰਾ ਤੇ ਤਿੰਨ ਭੈਣਾਂ ਹੋਰ ਸਨ। ਆਪ ਨੇ ਮੈਟ੍ਰਿਕ ਤੱਕ ਦੀ ਪੜ੍ਹਾਈ ਕਰਨ ਦੇ ਨਾਲ ਨਾਲ ਸਿਲਾਈ ਕੋਰਸ ਵੀ ਕੀਤਾ। ਆਪ ਦਾ ਵਿਆਹ 21 ਸਾਲ ਦੀ ਉਮਰ 'ਚ ਪਿੰਡ ਵਰਸੋਲਾ ਦੇ ਮਾਸਟਰ ਪ੍ਰਦੱਖਣ ਸਿੰਘ ਨਾਲ ਹੋਇਆ। ਆਪ ਨੇ ਆਪਣੇ ਗ੍ਰਹਿਸਤ ਜੀਵਨ ਦੀਆਂ ਜ਼ਿੰਮੇਵਾਰੀਆਂ ਨੂੰ ਬੜੀ ਸੁਹਿਰਦਤਾ ਨਾਲ ਨਿਭਾਇਆ। ਆਪ ਦੇ ਦੋ ਪੁੱਤਰ ਤੇ ਦੋ ਪੁੱਤਰੀਆਂ ਹਨ, ਜਿਨ੍ਹਾਂ ਨੂੰ ਆਪ ਨੇ ਉੱਚ ਸਿੱਖਿਆ ਦਿਵਾਈ। ਆਪ ਦਾ ਵੱਡਾ ਪੁੱਤਰ ਲਾਲ ਦਿਆਲ ਪਾਲ ਸਿੰਘ, ਛੋਟਾ ਪੁੱਤਰ ਹਰਮਨਜੀਤ ਸਿੰਘ ਮਾਰਕਫੈੱਡ ਵਿਚ ਮੈਨੇਜਰ ਵਜੋਂ ਸੇਵਾਵਾਂ ਨਿਭਾਅ ਰਿਹਾ ਹੈ। ਜਦੋਂ ਕਿ ਆਪ ਦੀ ਇਕ ਪੁੱਤਰੀ ਮਨਵਿੰਦਰ ਕੌਰ ਹੈਂਡਬਾਲ ਦੀ ਨੈਸ਼ਨਲ ਪੱਧਰੀ ਖਿਡਾਰਨ ਹੈ ਤੇ ਇਕ ਪੁੱਤਰੀ ਹਰਿੰਦਰ ਕੌਰ ਸਰਕਾਰੀ ਅਧਿਆਪਕਾ ਵਜੋਂ ਸੇਵਾਵਾਂ ਨਿਭਾਅ ਰਹੀ ਹੈ। ਆਪ ਬਹੁਤ ਹੀ ਸ਼ਾਂਤ, ਨਿਮਰ ਤੇ ਮਿਲਾਪੜੇ ਸੁਭਾਅ ਦੇ ਮਾਲਕ ਸਨ। ਆਪ ਗੁਰੂ ਘਰ ਨਾਲ ਅਥਾਹ ਸ਼ਰਧਾ ਰੱਖਦੇ ਸਨ ਤੇ ਗੁਰੂ ਚਰਨਾਂ 'ਚ ਰੋਜ਼ਾਨਾ ਹਾਜ਼ਰੀ ਭਰਦੇ ਸਨ। ਅਚਾਨਕ ਮਿਤੀ 20 ਅਕਤੂਬਰ ਨੂੰ ਮਾਤਾ ਕਸ਼ਮੀਰ ਕੌਰ ਆਪਣੇ ਹੱਸਦੇ ਵੱਸਦੇ ਪਰਿਵਾਰ ਨੂੰ ਸਦਾ ਲਈ ਅਲਵਿਦਾ ਕਹਿ ਕੇ ਗੁਰੂ ਚਰਨਾਂ 'ਚ ਜਾ ਬਿਰਾਜੇ। ਮਾਤਾ ਕਸ਼ਮੀਰ ਕੌਰ ਦੀ ਆਤਮਿਕ ਸ਼ਾਂਤੀ ਲਈ ਰੱਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਿਤੀ 29 ਅਕਤੂਬਰ 2025 ਦਿਨ ਬੁੱਧਵਾਰ ਨੂੰ ਉਨ੍ਹਾਂ ਦੇ ਗ੍ਰਹਿ ਪਿੰਡ ਵਰਸੋਲਾ ਜ਼ਿਲ੍ਹਾ ਗੁਰਦਾਸਪੁਰ ਵਿਖੇ ਪੈਣਗੇ। ਉਪਰੰਤ ਦੁਪਹਿਰ 12 ਤੋਂ 1 ਵਜੇ ਤੱਕ ਕੀਰਤਨ ਤੇ ਅੰਤਿਮ ਅਰਦਾਸ ਹੋਵੇਗੀ।

-ਗੁਰਪ੍ਰਤਾਪ ਸਿੰਘ

ਪਰਾਲੀ ਨੂੰ ਅੱਗ ਨਾ ਲਗਾਉਣ ਸੰਬੰਧੀ ਲਗਾਏ ਜਾ ਰਹੇ ਨਿਰੰਤਰ ਜਾਗਰੂਕਤਾ ਕੈਂਪ-ਐਸ.ਡੀ.ਐਮ.

ਗੁਰਦਾਸਪੁਰ, 28 ਅਕਤੂਬਰ (ਅਸ਼ੋਕ ਸ਼ਰਮਾ)-ਐਸ.ਡੀ.ਐਮ ਮਨਜੀਤ ਸਿੰਘ ਰਾਜਲਾ ਨੇ 'ਅਜੀਤ' ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਨੀਤੀਆਂ ਤਹਿਤ ਪਰਾਲੀ ਪ੍ਰਬੰਧਨ ਨੂੰ ਲੈ ਕੇ ਡਿਪਟੀ ਕਮਿਸ਼ਨਰ ਦੇ ਨਿਰਦੇਸ਼ਾਂ 'ਤੇ ਸਬ ਡਵੀਜ਼ਨ ਅੰਦਰ ਪੈਂਦੇ ਪਿੰਡਾਂ 'ਚ ਲੋਕਾਂ ਨੂੰ ਪਰਾਲੀ ਨੂੰ ਅੱਗ ਨਾ ਲਗਾਉਣ ਸਬੰਧੀ ਜਾਗਰੂਕ ਕਰਨ ਲਈ 25 ਤੋਂ 30 ਕੈਂਪ ਲਗਾਏ ਜਾ ਚੁੱਕੇ ਹਨ ਜੋ ਨਿਰੰਤਰ ਜਾਰੀ ਹਨ। ਉਨ੍ਹਾਂ ਦੱਸਿਆ ਕਿ ਸਬ ਡਵੀਜ਼ਨ ਅੰਦਰ ਸਿਰਫ਼ ਪਰਾਲੀ ਨੂੰ ਸਾੜਨ ਦੇ 9 ਕੇਸ ਸਾਹਮਣੇ ਆਏ ਹਨ ਅਤੇ ਅੱਗੇ ਤੋਂ ਕਾਫ਼ੀ ਸੁਧਾਰ ਹੋਇਆ ਹੈ। ਉਨ੍ਹਾਂ ਕਿਹਾ ਕਿ ਬਹੁਤ ਕਿਸਾਨ ਕਿਰਸਾਨੀ ਦੇ ਕਿੱਤੇ ਨੂੰ ਪੱਕੇ ਤੌਰ 'ਤੇ ਨਹੀਂ ਅਪਣਾ ਰਹੇ, ਸਗੋਂ ਇਕ ਸਾਈਡ ਕਾਰੋਬਾਰ ਬਣਾ ਲਿਆ ਹੈ। ਦੂਜੇ ਪਾਸੇ ਜਿਹੜੇ ਚੰਗੇ ਕਿਸਾਨ ਹਨ, ਉਹ ਆਪਣੀ ਜ਼ਮੀਨ ਦੀ ਪਰਖ ਖੇਤੀਬਾੜੀ ਵਿਭਾਗ ਤੋਂ ਕਰਵਾ ਕੇ ਫ਼ਸਲ ਤੋਂ ਹੀ ਚੋਖੀ ਆਮਦਨ ਕਮਾ ਰਹੇ ਹਨ। ਜਦੋਂ ਕਿ ਜਿਹੜੇ ਕਿਸਾਨ ਇਸ ਨੂੰ ਨਿੱਜੀ ਤੌਰ 'ਤੇ ਨਹੀਂ ਲੈਂਦੇ, ਉਹ ਹਮੇਸ਼ਾ ਘਾਟੇ ਵੱਲ ਜਾਂਦੇ ਹਨ।

ਜੇਤੂ ਵਿਦਿਆਰਥੀਆਂ ਨੂੰ ਸਨਮਾਨਿਤ ਕਰਦੇ ਹੋਏ ਪ੍ਰਬੰਧਕ। ਤਸਵੀਰ : ਜਤਿੰਦਰ ਕੱਦ

ਗੁਰੂ ਨਾਨਕ ਕਾਲਜ ਬਟਾਲਾ ਵਿਖੇ ਕਰਵਾਏ ਕਵੀਸ਼ਰੀ ਮੁਕਾਬਲੇ

ਬਟਾਲਾ, 28 ਅਕਤੂਬਰ (ਸਤਿੰਦਰ ਸਿੰਘ)-ਗੁਰੂ ਨਾਨਕ ਕਾਲਜ ਬਟਾਲਾ ਵਿਖੇ ਕਰਵਾਏ ਕਵੀਸ਼ਰੀ ਮੁਕਾਬਲਿਆਂ 'ਚ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ। ਇਸ ਮੌਕੇ ਕਵੀਸ਼ਰੀ ਮੁਕਾਬਲਿਆਂ 'ਚ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਕਵੀਸ਼ਰੀ ਕਲਾ ਰਾਹੀਂ ਆਪਣੀ ਕਲਾ ਦਾ ਪ੍ਰਦਰਸ਼ਨ ਕਰਕੇ ਆਪਣੇ ਕਵੀਸ਼ਰੀ ਕਲਾ ਦੇ ਜੋਹਰ ਵਿਖਾਏ। ਇਨ੍ਹਾਂ ਮੁਕਾਬਲਿਆਂ 'ਚ ਤਕਰੀ